# ਖੇਤੀਬਾੜੀ

## ਦਸਵੀਂ

Session 2020-2021

### ਲਿਖਤੀ ਪ੍ਰੀਖਿਆ ਲਈ ਪ੍ਰਸ਼ਨ ਪੱਤਰ ਦੀ ਬਣਤਰ

ਪ੍ਰਸ਼ਨ ਪੱਤਰ ਵਿੱਚ ਕੁੱਲ **30 ਪ੍ਰਸ਼ਨ** ਹੋਣਗੇ । ਅੰਕਾਂ ਦੀ ਵੰਡ ਹੇਠ ਲਿਖੇ ਅਨੁਸਾਰ ਹੈ :

| ਸੈਕਸ਼ਨ | ਪਾਠ ਨੰਬਰ | 1 ਅੰਕ ਵਾਲੇ ਆਬਜੈਕਟਿਵ ਟਾਈਪ ਪ੍ਰਸ਼ਨ | 2 ਅੰਕਾਂ ਵਾਲੇ ਬਹੁਤ ਛੋਟੇ ਉੱਤਰਾਂ ਵਾਲੇ ਪ੍ਰਸ਼ਨ | 4 ਅੰਕਾਂ ਵਾਲੇ ਪ੍ਰਸ਼ਨ | ਕੁੱਲ |
|---|---|---|---|---|---|
| ੳ | 1, 2, 3, 4 | 10 | 3 | 3 | **28 ਅੰਕ** |
| ਅ | 5, 6, 8 | 10 | 2 | 2 | **22 ਅੰਕ** |
| **ਕੁੱਲ ਪ੍ਰਸ਼ਨ** | | **20** | **5** | **5** | **30** |
| **ਕੁੱਲ ਅੰਕ** | | **20** | **10** | **20** | **50** |

ਪ੍ਰਸ਼ਨ ਪੱਤਰ ਨੂੰ **ਤਿੰਨ ਭਾਗਾਂ** ਵਿੱਚ ਵੰਡਿਆ ਗਿਆ ਹੈ :

**ਭਾਗ I** ਪ੍ਰਸ਼ਨ ਨੰ. **1** ਤੋਂ **20** ਤੱਕ **ਇੱਕ-ਇੱਕ ਅੰਕ** ਵਾਲੇ **ਆਬਜੈਕਟਿਵ ਟਾਈਪ ਪ੍ਰਸ਼ਨ** ਹੋਣਗੇ । ਇਹ ਪ੍ਰਸ਼ਨ **ਬਹੁ-ਭਾਂਤੀ ਉੱਤਰਾਂ ਵਾਲੇ** ਜਾਂ **ਹਾਂ/ਨਾਂ** ਜਾਂ **ਖਾਲੀ ਥਾਂ ਭਰੋ** ਜਾਂ **ਠੀਕ/ਗਲਤ** ਜਾਂ **ਸਹੀ ਮਿਲਾਨ ਕਰੋ** ਕਿਸੇ ਵੀ ਤਰ੍ਹਾਂ ਦੇ ਹੋ ਸਕਦੇ ਹਨ । ਸਾਰੇ ਪ੍ਰਸ਼ਨ ਹੱਲ ਕਰਨੇ ਲਾਜ਼ਮੀ ਹੋਣਗੇ ।

**ਭਾਗ II** ਪ੍ਰਸ਼ਨ ਨੰ. **21** ਤੋਂ **25** ਤੱਕ **ਦੋ-ਦੋ ਅੰਕਾਂ** ਵਾਲੇ ਹੋਣਗੇ । ਹਰੇਕ ਪ੍ਰਸ਼ਨ ਦਾ ਉੱਤਰ ਲਗਭਗ **ਇੱਕ-ਦੋ ਵਾਕਾਂ** ਦਾ ਹੋਵੇਗਾ । ਸਾਰੇ ਪ੍ਰਸ਼ਨ ਹੱਲ ਕਰਨੇ ਲਾਜ਼ਮੀ ਹੋਣਗੇ ।

**ਭਾਗ III** ਪ੍ਰਸ਼ਨ ਨੰ. **26** ਤੋਂ **30** ਤੱਕ **ਚਾਰ-ਚਾਰ ਅੰਕਾਂ** ਵਾਲੇ ਹੋਣਗੇ । ਹਰੇਕ ਪ੍ਰਸ਼ਨ ਦਾ ਉੱਤਰ ਲਗਭਗ **ਚਾਰ-ਪੰਜ ਵਾਕਾਂ** ਦਾ ਹੋਵੇਗਾ । ਇਨ੍ਹਾਂ ਸਾਰੇ ਪ੍ਰਸ਼ਨਾਂ ਵਿੱਚ 100% ਅੰਦਰੂਨੀ ਛੋਟ ਹੋਵੇਗੀ । ਅੰਦਰੂਨੀ ਛੋਟ ਵਾਲਾ ਪ੍ਰਸ਼ਨ ਉਸੇ ਸੈਕਸ਼ਨ ਵਿੱਚੋਂ ਹੀ ਹੋਵੇਗਾ ।

# ਦਸਵੀਂ
# ਖੇਤੀਬਾੜੀ (35)

**ਸਮਾਂ : $2\frac{1}{2}$ ਘੰਟੇ** **ਲਿਖਤੀ ਪ੍ਰੀਖਿਆ : 50 ਅੰਕ**
**ਸਮਾਂ : 2 ਘੰਟੇ** **ਪ੍ਰਯੋਗੀ ਪ੍ਰੀਖਿਆ : 30 ਅੰਕ**
**ਆਂਤਰਿਕ ਮੁਲਾਂਕਣ : 20 ਅੰਕ**

## ਪਾਠ-ਕ੍ਰਮ (ਲਿਖਤੀ)

### ਸੈਕਸ਼ਨ - ੳ

**ਪਾਠ 1.ਖੇਤੀਬਾੜੀ ਸਹਿਯੋਗੀ ਸੰਸਥਾਵਾਂ** : ਰਾਜ, ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਪੱਧਰ ਤੇ ਵੱਖ-ਵੱਖ ਖੇਤੀਬਾੜੀ ਸਹਿਯੋਗੀ ਸੰਸਥਾਵਾਂ ਅਤੇ ਉਨ੍ਹਾਂ ਦਾ ਖੇਤੀਬਾੜੀ ਦੇ ਵਿਕਾਸ ਵਿੱਚ ਯੋਗਦਾਨ ।

**ਪਾਠ 2.ਖੇਤੀ ਗਿਆਨ-ਵਿਗਿਆਨ ਦਾ ਸੋਮਾ - ਪੰਜਾਬ ਐਗਰੀਕਲਚਰਲ ਯੂਨੀਵਰਸਿਟੀ** : ਸਥਾਪਨਾ, ਉਦੇਸ਼ ਅਤੇ ਗਤੀਵਿਧੀਆਂ ਆਦਿ ਸਬੰਧੀ ਜਾਣਕਾਰੀ । ਖੇਤੀਬਾੜੀ ਸਿੱਖਿਆ, ਖੋਜ ਅਤੇ ਪਸਾਰ ਦੇ ਖੇਤਰ ਵਿੱਚ ਯੋਗਦਾਨ ।

**ਪਾਠ 3.ਹਾੜ੍ਹੀ ਦੀਆਂ ਫ਼ਸਲਾਂ** : ਹਾੜ੍ਹੀ ਦੀਆਂ ਅਨਾਜ ਵਾਲੀਆਂ ਫ਼ਸਲਾਂ : ਕਣਕ ਅਤੇ ਜੌਂ, ਦਾਲ ਵਾਲੀਆਂ ਫ਼ਸਲਾਂ : ਛੋਲੇ ਅਤੇ ਮਸਰ, ਤੇਲ ਬੀਜ ਫ਼ਸਲਾਂ : ਰਾਇਆ, ਗੋਭੀ ਸਰੋਂ ਅਤੇ ਸੂਰਜਮੁਖੀ, ਚਾਰੇ ਵਾਲੀਆਂ ਫ਼ਸਲਾਂ : ਬਰਸੀਮ ਅਤੇ ਜਵੀਂ ਦੀ ਕਾਸ਼ਤ ਸਬੰਧੀ ਜਾਣਕਾਰੀ ।

**ਪਾਠ 4.ਸਰਦੀਆਂ ਦੀਆਂ ਸਬਜ਼ੀਆਂ ਦੀ ਕਾਸ਼ਤ** : ਸਬਜ਼ੀਆਂ ਦਾ ਮਹੱਤਵ ਅਤੇ ਮੁੱਢਲੀ ਜਾਣਕਾਰੀ । ਸਰਦੀਆਂ ਦੀਆਂ ਸਬਜ਼ੀਆਂ ਗਾਜਰ, ਮੂਲੀ, ਮਟਰ, ਫੁੱਲ ਗੋਭੀ, ਬੰਦ ਗੋਭੀ, ਬਰੌਕਲੀ, ਚੀਨੀ ਬੰਦ ਗੋਭੀ ਅਤੇ ਆਲੂ ਦੀ ਕਾਸ਼ਤ ਸਬੰਧੀ ਜਾਣਕਾਰੀ।

**28 ਅੰਕ**

### ਸੈਕਸ਼ਨ - ਅ

**ਪਾਠ 5.ਫ਼ਲਦਾਰ ਪੌਦਿਆਂ ਦੀ ਕਾਸ਼ਤ** : ਮਨੁੱਖੀ ਭੋਜਨ ਵਿੱਚ ਫ਼ਲਾਂ ਦਾ ਮਹੱਤਵ, ਜਲਵਾਯੂ ਦੇ ਅਧਾਰ ਤੇ ਇਲਾਕਿਆਂ ਦੀ ਵੰਡ, ਬਾਗ਼ ਲਗਾਉਣ ਦਾ ਸਮਾਂ, ਮਿੱਟੀ, ਪਾਣੀ, ਵਿਉਂਤਬੰਦੀ, ਬੂਟੇ ਲਗਾਉਣ ਦਾ ਢੰਗ, ਉੱਨਤ ਕਿਸਮਾਂ, ਫ਼ਾਸਲਾ, ਨਰਸਰੀ ਤੋਂ ਬੂਟਿਆਂ ਦੀ ਚੋਣ, ਖਾਦਾਂ ਦੀ ਵਰਤੋਂ, ਸਿੰਚਾਈ, ਸੁਧਾਈ, ਕਾਂਟ-ਛਾਂਟ, ਫ਼ਲਾਂ ਦੀ ਤੁੜਾਈ ਆਦਿ ਸਬੰਧੀ ਜਾਣਕਾਰੀ ।

**ਪਾਠ 6.ਵਣ ਖੇਤੀ** : ਵਣ ਖੇਤੀ ਦੀ ਮਹੱਤਤਾ, ਮੁੱਖ ਮਾਡਲ, ਦਰੱਖਤਾਂ ਦੀ ਚੋਣ, ਵਪਾਰਕ ਵਣ ਖੇਤੀ, ਪਾਪੂਲਰ ਅਤੇ ਸਫ਼ੈਦੇ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ।

**ਪਾਠ 8.ਖੇਤੀ ਅਧਾਰਿਤ ਉਦਯੋਗਿਕ ਧੰਦੇ** : ਛੋਟੇ ਅਤੇ ਵੱਡੇ ਪੱਧਰ ਤੇ ਫੂਡ ਪ੍ਰੋਸੈਸਿੰਗ ਇਕਾਈਆਂ ਲਗਾਉਣ ਸਬੰਧੀ ਜਾਣਕਾਰੀ ।

**22 ਅੰਕ**